# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :17-01-2026**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੱਛਮੀ ਬੰਗਾਲ ਅਤੇ ਉੱਤਰ-ਪੂਰਬੀ ਭਾਰਤ ਵਿੱਚ ਸੰਪਰਕ ਨੂੰ ਮਜ਼ਬੂਤ ਕਰਨ ਲਈ , 3 ਹਜ਼ਾਰ 250 ਕਰੋੜ ਤੋਂ ਵੱਧ ਦੇ ਕਈ ਰੇਲ ਅਤੇ ਬੁਨਿਆਦੀ ਸੜਕ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ।

- ਪੰਜਾਬ ਸਰਕਾਰ ਵੱਲੋਂ ਜਨਤਕ ਆਵਾਜਾਈ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੰਜ ਜ਼ਿਲ੍ਹਿਆਂ ਵਿੱਚ ਬੱਸ ਟਰਮੀਨਲਾਂ ਦੇ ਆਧੁਨਿਕੀਕਰਨ ਨੂੰ ਮਨਜ਼ੂਰੀ।

- ਸਵੱਛ ਭਾਰਤ ਮਿਸ਼ਨ ਗ੍ਰਾਮੀਣ ਤਹਿਤ ਰੋਪੜ ਜਿਲ੍ਹੇ ਦੇ ਪਿੰਡ ਬਹਾਦਰਪੁਰ ਵਿਖੇ ਪੰਜਾਬ ਦੇ ਪਹਿਲੇ ਸੀਵਰੇਜ ਟਰੀਟਮੈਂਟ ਪਲਾਂਟ ਦਾ ਨੀਂਹ ਪੱਥਰ ਰੱਖਿਆ ਗਿਆ।

- ਪਠਾਨਕੋਟ ਪੁਲਿਸ ਵਲੋਂ ਨਰੋਟ ਜਮਾਲ ਸਿੰਘ ਖੇਤਰ ਵਿੱਚ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਤਿੰਨ ਰਾਈਫਲਾਂ, ਦੋ ਵਿਦੇਸ਼ੀ ਪਿਸਤੌਲ ਅਤੇ 78 ਕਾਰਤੂਸ ਬਰਾਮਦ ਕੀਤੇ।

- ਪੰਜਾਬ ਵਿਚ ਅੱਜ ਵੱਖ-ਵੱਖ ਥਾਵਾਂ 'ਤੇ ਵਾਪਰੇ ਸੜਕ ਹਾਦਸਿਆਂ 'ਚ, 3 ਔਰਤਾਂ ਸਮੇਤ 8 ਵਿਅਕਤੀਆਂ ਦੀ ਮੌਤ ਅਤੇ 9 ਜ਼ਖਮੀ ।

- ਮੌਸਮ ਵਿਭਾਗ ਨੇ ਅਗਲੇ ਤਿੰਨ ਤੋਂ ਚਾਰ ਦਿਨਾਂ ਵਿੱਚ ਪੰਜਾਬ ਅਤੇ ਹਰਿਆਣਾ ਵਿੱਚ ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ।

------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੱਛਮੀ ਬੰਗਾਲ ਅਤੇ ਉੱਤਰ-ਪੂਰਬੀ ਭਾਰਤ ਵਿੱਚ ਸੰਪਰਕ ਨੂੰ ਮਜ਼ਬੂਤ ਕਰਨ ਅਤੇ ਵਿਕਾਸ ਨੂੰ ਤੇਜ਼ ਕਰਨ ਲਈ 3 ਹਜ਼ਾਰ 250 ਕਰੋੜ ਤੋਂ ਵੱਧ ਦੇ ਕਈ ਰੇਲ ਅਤੇ

ਬੁਨਿਆਦੀ ਸੜਕ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ। ਪੱਛਮੀ ਬੰਗਾਲ ਦੇ ਮਾਲਦਾ ਵਿੱਚ ਇੱਕ ਇਕੱਠ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਉਹ ਮਾਲਦਾ ਤੋਂ ਭਾਰਤ ਦੀ ਪਹਿਲੀ ਵੰਦੇ ਭਾਰਤ ਸਲੀਪਰ ਰੇਲਗੱਡੀ ਨੂੰ ਰਵਾਨਾ ਕਰਕੇ ਖੁਸ਼ ਹਨ। ਉਨ੍ਹਾਂ  ਕਿਹਾ ਕਿ ਸੰਪਰਕ ਨੂੰ ਵਧਾਉਣ ਲਈ ਕਈ ਅੰਮ੍ਰਿਤ ਭਾਰਤ ਰੇਲਗੱਡੀ ਸੇਵਾਵਾਂ ਵੀ ਸ਼ੁਰੂ ਕੀਤੀਆਂ ਜਾਣਗੀਆਂ। BYTE:RNU170126A

-------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਭਰ ਦੇ ਪ੍ਰਮੁੱਖ ਬੱਸ ਟਰਮੀਨਲਾਂ ਦੇ ਆਧੁਨਿਕੀਕਰਨ ਲਈ ਇੱਕ ਵਿਆਪਕ ਯੋਜਨਾ ਨੂੰ ਮਨਜ਼ੂਰੀ ਦਿੱਤੀ ਗਈ ਏ , ਜੋ ਕਿ ਜਨਤਕ ਆਵਾਜਾਈ ਦੇ ਬੁਨਿਆਦੀ ਢਾਂਚੇ ਅਤੇ ਯਾਤਰੀਆਂ ਲਈ ਬਿਹਤਰ ਸਹੂਲਤਾਂ ਯਕੀਨੀ ਬਣਾਉਣ ਵੱਲ ਇੱਕ ਅਹਿਮ ਕਦਮ ਹੈ। ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਇਸ ਯੋਜਨਾ ਤਹਿਤ ਲੁਧਿਆਣਾ, ਜਲੰਧਰ, ਸੰਗਰੂਰ, ਪਟਿਆਲਾ ਅਤੇ ਬਠਿੰਡਾ ਵਿੱਚ ਬੱਸ ਟਰਮੀਨਲਾਂ ਨੂੰ ਸਰਕਾਰੀ ਅਤੇ ਨਿੱਜੀ ਭਾਈਵਾਲੀ ਰਾਹੀਂ ਅਪਗ੍ਰੇਡ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿਸਦਾ ਉਦੇਸ਼

ਕੁਸ਼ਲਤਾ, ਸੁਰੱਖਿਆ, ਪਹੁੰਚਯੋਗਤਾ ਅਤੇ ਬਿਹਤਰ ਸੇਵਾ ਪ੍ਰਦਾਨ ਕਰਨਾ ਏ । ਇਹ ਬੱਸ ਟਰਮੀਨਲ ਪੇਂਡੂ ਅਤੇ ਸ਼ਹਿਰੀ ਆਬਾਦੀ ਦੋਵਾਂ ਲਈ ਮਹੱਤਵਪੂਰਨ ਆਵਾਜਾਈ ਕੇਂਦਰ ਵਜੋਂ ਕੰਮ ਕਰਦੇ ਨੇ ਅਤੇ ਕਾਮਿਆਂ, ਵਿਦਿਆਰਥੀਆਂ, ਵਪਾਰੀਆਂ, ਸੈਲਾਨੀਆਂ ਅਤੇ ਉਦਯੋਗਿਕ ਮਜ਼ਦੂਰਾਂ ਨੂੰ ਰੋਜ਼ਾਨਾ ਆਉਣ-ਜਾਣ ਦੀ ਸਹੂਲਤ ਪ੍ਰਦਾਨ ਕਰਦੇ ਹਨ। ਮੰਤਰੀ ਨੇ ਦੱਸਿਆ ਕਿ ਇਹ ਟਰਮੀਨਲ ਅੰਤਰ-ਰਾਜੀ ਸੰਪਰਕ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਹਿਮਾਚਲ ਪ੍ਰਦੇਸ਼, ਜੰਮੂ ਅਤੇ ਕਸ਼ਮੀਰ, ਹਰਿਆਣਾ, ਦਿੱਲੀ ਅਤੇ ਰਾਜਸਥਾਨ ਸਮੇਤ ਗੁਆਂਢੀ ਸੂਬਿਆਂ ਵਿੱਚ ਆਉਣ-ਜਾਣ ਦੀ ਸਹੂਲਤ ਦਿੰਦੇ ਨੇ । ਇਸ ਤੋਂ ਇਲਾਵਾ, ਲੁਧਿਆਣਾ ਅਤੇ ਜਲੰਧਰ ਬੱਸ ਟਰਮੀਨਲ ‘ਤੇ ਰੋਜ਼ਾਨਾ 75 ਹਜ਼ਾਰ ਤੋਂ ਇੱਕ ਲੱਖ ਮੁਸਾਫ਼ਰ ਜਦੋਂ ਕਿ ਪਟਿਆਲਾ ਅਤੇ ਬਠਿੰਡਾ ਵਿੱਚ ਰੋਜ਼ਾਨਾ ਲਗਭਗ 50 ਹਜ਼ਾਰ ਮੁਸਾਫ਼ਰ ਆਉਂਦੇ ਹਨ, ਜੋ ਪੰਜਾਬ ਦੇ ਗਤੀਸ਼ੀਲਤਾ ਵਾਲੇ ਈਕੋਸਿਸਟ ਵਿੱਚ ਇਹਨਾਂ ਸਹੂਲਤਾਂ ਦੀ ਮਹੱਤਤਾ ਨੂੰ ਉਜਾਗਰ ਕਰਦੇ ਹਨ । ਪੀ.ਪੀ.ਪੀ ਮਾਡਲ ਰਾਹੀਂ, ਇਹਨਾਂ ਪੰਜ ਟਰਮੀਨਲਾਂ ਨੂੰ ਲੋਕਾਂ ਦੇ ਰੋਜ਼ਾਨਾ ਸਫ਼ਰ ਨੂੰ ਪ੍ਰਭਾਵਿਤ ਕੀਤੇ ਬਿਨਾਂ ਸੁਰੱਖਿਅਤ ਥਾਵਾਂ, ਬਿਹਤਰ

ਅਤੇ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇਗਾ । ਇਹ ਵਿਕਾਸ ਪੰਜਾਬ ਦੇ ਹਰ ਖੇਤਰ ਵਿੱਚ ਅਹਿਮ ਭੂਮਿਕਾ ਨਿਭਾਏਗਾ ਅਤੇ ਕਾਮਿਆਂ, ਵਿਦਿਆਰਥੀਆਂ ਤੇ ਹਰ ਵਰਗ ਦੇ ਸਫ਼ਰ ਨੂੰ ਹੋਰ ਸੁਖਾਲਾ ਬਣਾਏਗਾ ।

------------------------------------------------------------

ਸਵੱਛ ਭਾਰਤ ਮਿਸ਼ਨ ਗ੍ਰਾਮੀਣ ਤਹਿਤ ਰੋਪੜ ਜਿਲ੍ਹੇ ਦੇ ਪਿੰਡ ਬਹਾਦਰਪੁਰ ਵਿਖੇ ਪੰਜਾਬ ਦੇ ਪਹਿਲੇ ਸੀਵਰੇਜ ਟਰੀਟਮੈਂਟ ਪਲਾਂਟ ਦਾ ਨੀਂਹ ਪੱਥਰ ਰੱਖਿਆ ਗਿਆ ਏ । ਰੂਪਨਗਰ ਤੋਂ ਹਲਕਾ ਵਿਧਾਇਕ ਐਡਵੋਕੇਟ ਦਿਨੇਸ਼ ਕੁਮਾਰ ਚੱਡਾ ਨੇ ਪਲਾਂਟ ਦਾ ਨੀਹ ਪੱਥਰ ਰੱਖਿਆ ਗਿਆ। ਉਹਨਾਂ ਦੱਸਿਆ ਕਿ ਇਸ ਤਕਨੀਕ ਨਾਲ ਬਣਨ ਵਾਲਾ ਇਹ ਪੰਜਾਬ ਦਾ ਪਹਿਲਾ ਸੀਵਰੇਜ ਟਰੀਟਮੈਂਟ ਪਲਾਂਟ ਏ । ਉਨ੍ਹਾਂ ਸਮੂਹ ਨਗਰ ਨਿਵਾਸੀਆਂ ਨੂੰ ਇਸ ਵਾਟਰ ਟ੍ਰੀਟਮੈਂਟ ਪਲਾਂਟ ਦੇ ਬਣਨ ਦੀ ਵਧਾਈ ਦਿੱਤੀ ਅਤੇ ਉਹਨਾਂ ਦੱਸਿਆ ਕਿ ਇਸ ਪਿੰਡ ਵਿੱਚ ਪਹਿਲਾਂ ਹੀ ਸੀਵਰੇਜ ਦੀ ਪਾਈਪ ਲਾਈਨ ਪਈ ਹੋਈ ਏ ਅਤੇ ਹੁਣ 30 ਲੱਖ ਰੁਪਏ ਦੀ ਲਾਗਤ ਨਾਲ ਇਹ ਪਲਾਂਟ ਲਗਾਇਆ ਜਾ ਰਿਹਾ ਏ । ਉਹਨਾਂ ਦੱਸਿਆ ਕਿ ਪਿੰਡਾਂ ਵਰਗੀ ਥਾਵਾਂ ਤੇ ਘੱਟ ਆਬਾਦੀ ਵਾਲੀ ਥਾਵਾਂ ਤੇ ਇਹ

ਡੀ ਵਾਸ਼ ਟੈਕਨੋਲਜੀ ਨਾਲ ਇਹ ਪਲਾਂਟ ਬਹੁਤ ਜਿਆਦਾ ਲਾਹੇਵੰਦ ਸਾਬਤ ਹੋਵੇਗਾ । ਟਰੀਟਮੈਂਟ ਪਲਾਂਟ ਦੀ ਜਾਣਕਾਰੀ ਦਿੰਦਿਆਂ ਜਲ ਸ਼ਕਤੀ ਮੰਤਰਾਲੇ ਵਿਚ ਤਕਨੀਕੀ ਸਲਾਹਕਾਰ ਏਜੰਸੀ ਅਕਸ਼ੇ ਜੈਨ ਨੇ ਦਸਿਆ। BYTE: R170126

-------------------------------------------------

ਨੀਤੀ ਆਯੋਗ ਵੱਲੋਂ ਜਾਰੀ ਕੀਤੇ ਗਏ ਐਕਸਪੋਰਟ ਪ੍ਰੀ-ਪੇਅਰਡਨੈੱਸ ਇੰਡੈਕਸ-EPI 2024 ਲਈ ਪੰਜਾਬ ਨੇ 'ਲੀਡਰ ਸਟੇਟ' ਵਜੋਂ ਨਾਮਣਾ ਖੱਟਿਆ ਏ। ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਦਸਿਆ ਕਿ ਈ.ਪੀ.ਆਈ. ਇੱਕ ਵਿਆਪਕ, ਡੇਟਾ-ਅਧਾਰਤ ਢਾਂਚਾ ਏ , ਜੋ ਨੀਤੀ ਆਯੋਗ ਵਲੋਂ ਭਾਰਤ ਦੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਬਰਾਮਦ ਸਬੰਧੀ ਤਿਆਰੀ ਦਾ ਮੁਲਾਂਕਣ ਕਰਨ ਲਈ ਵਿਕਸਤ ਕੀਤਾ ਗਿਆ ਏ। ਇਸ ਢਾਂਚੇ ਤਹਿਤ ਚਾਰ ਮੁੱਖ ਥੰਮ੍ਹਾਂ - ਨੀਤੀ ਢਾਂਚਾ, ਵਪਾਰਕ ਵਾਤਾਵਰਣ, ਬਰਾਮਦ ਈਕੋਸਿਸਟਮ ਅਤੇ ਬਰਾਮਦ ਵਿੱਚ ਕੀਤੇ ਪ੍ਰਦਰਸ਼ਨ ਦੇ ਆਧਾਰ 'ਤੇ ਸੰਸਥਾਗਤ ਸਮਰੱਥਾ, ਖੋਜ ਅਤੇ ਵਿਕਾਸ ਬੁਨਿਆਦੀ ਢਾਂਚਾ, ਅਤੇ ਟਰਾਂਸਪੋਰਟ ਕਨੈਕਟੀਵਿਟੀ ਸਮੇਤ

70 ਤੋਂ ਵੱਧ ਸੂਚਕਾਂ ਦਾ ਅਧਿਐਨ ਕਰਦਿਆਂ ਮੁਲਾਂਕਣ ਕੀਤਾ ਜਾਂਦਾ ਏ । ਜ਼ਿਕਰਯੋਗ ਏ ਕਿ ਈ.ਪੀ.ਆਈ.- 2024 ਰਿਪੋਰਟ ਨੀਤੀ ਆਯੋਗ ਦੇ ਮੁਖ ਕਾਰਜਕਾਰੀ ਅਧਿਕਾਰੀ ਬੀ.ਵੀ.ਆਰ. ਸੁਬ੍ਰਾਹਮਣੀਅਮ ਅਤੇ ਨੀਤੀ ਆਯੋਗ ਦੇ ਮੈਂਬਰ ਅਰਵਿੰਦ ਵਿਰਮਾਨੀ ਵੱਲੋਂ ਜਾਰੀ ਕੀਤੀ ਗਈ, ਜਿਨ੍ਹਾਂ ਨੇ ਇਸ ਸਾਲ ਦੇ ਮੁਲਾਂਕਣ ਵਿੱਚ ਕਾਰਗੁਜ਼ਾਰੀ ਅਤੇ ਮਹੱਤਵਪੂਰਨ ਲਾਭਾਂ ਲਈ ਪੰਜਾਬ ਦੀ ਪ੍ਰਸ਼ੰਸਾ ਕੀਤੀ ।

------------------------------------------------------------------------

ਪਠਾਨਕੋਟ ਪੁਲਿਸ ਨੇ ਸੁਰੱਖਿਆ ਏਜੰਸੀਆਂ ਦੇ ਸਹਿਯੋਗ ਨਾਲ, ਨਰੋਟ ਜਮਾਲ ਸਿੰਘ ਖੇਤਰ ਵਿੱਚ ਇੱਕ ਸਰਹੱਦ ਪਾਰ ਹਥਿਆਰਾਂ ਦੇ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਤਿੰਨ ਰਾਈਫਲਾਂ, ਦੋ ਵਿਦੇਸ਼ੀ ਪਿਸਤੌਲ ਅਤੇ 78 ਕਾਰਤੂਸ ਬਰਾਮਦ ਕੀਤੇ । ਬਾਰਡਰ ਜ਼ੋਨ ਦੇ ਡੀ.ਆਈ.ਜੀ ਸੰਦੀਪ ਗੋਇਲ ਨੇ ਕਿਹਾ ਕਿ ਸੁਰੱਖਿਆ ਏਜੰਸੀਆਂ ਦੇ ਸਹਿਯੋਗ ਨਾਲ ਪੁਲਿਸ ਵਲੋਂ ਕੀਤੀ ਗਈ ਤਲਾਸ਼ੀ ਦੌਰਾਨ ਇਹ ਹਥਿਆਰ ਬਰਾਮਦ ਕੀਤੇ ਗਏ ਨੇ ।

------------------------------------------------------------------------

ਪੰਜਾਬ ਵਿਚ ਅੱਜ ਵੱਖ-ਵੱਖ ਸੜਕ ਹਾਦਸਿਆਂ ਵਿਚ 3 ਔਰਤਾਂ ਸਮੇਤ 8 ਵਿਅਕਤੀਆਂ ਦੀ ਮੌਤ ਅਤੇ 9 ਵਿਅਕਤੀ ਜ਼ਖਮੀ ਹੋਏ ਨੇ।ਅੱਜ ਸਵੇਰੇ ਬਠਿੰਡਾ-ਬੀਕਾਨੇਰ ਰਾਸ਼ਟਰੀ ਮਾਰਗ ’ਤੇ ਸੰਘਣੀ ਧੁੰਦ ਕਾਰਨ ਵਾਪਰੇ ਸੜਕ ਹਾਦਸੇ ਦੌਰਾਨ  ਚਾਰ ਨੌਜਵਾਨਾਂ ਸਮੇਤ ਇਕ ਨੌਜਵਾਨ ਲੜਕੀ ਦੀ ਮੌਕੇ ’ਤੇ ਹੀ ਮੌਤ ਹੋ ਗਈ । ਸਾਡੇ ਪਤਰਕਾਰ ਮੁਤਾਬਿਕ ਗੁਜਰਾਤ ਰਾਜ ਦੀ ਨੰਬਰ ਪਲੇਟ ਵਾਲੀ ਕਾਰ, ਬਠਿੰਡਾ ਤੋਂ ਡੱਬਵਾਲੀ ਵੱਲ ਜਾਂਦੇ ਹੋਏ ਧੁੰਦ ਕਾਰਨ ਸੰਤੁਲਨ ਵਿਗੜਨ ਕਾਰਨ ਡਿਵਾਈਡਰ ਨਾਲ ਜਾ ਟਕਰਾਈ। ਕਾਰ ਸਵਾਰ 5 ਵਿਅਕਤੀਆਂ ਦੀ ਮੌਕੇ ’ਤੇ ਹੀ ਮੌਤ ਹੋ ਗਈ। ਸਾਰੇ ਮ੍ਰਿਤਕਾਂ ਦੀ ਉਮਰ 25 ਤੋਂ 30 ਸਾਲ ਦੇ ਦਰਮਿਆਨ ਦੱਸੀ ਜਾ ਰਹੀ ਏ । ਮ੍ਰਿਤਕਾਂ ਦੀ ਪਹਿਚਾਣ ਅਰਜੁਨ, ਸਤੀਸ਼, ਜਨਕ, ਭਾਰਤ ਅਤੇ ਅਮਿਤਾ ਵਜੋਂ ਹੋਈ ਏ । ਇਹ ਸਾਰੇ ਗੁਜਰਾਤ ਦੇ ਬਨਾਸ-ਕਾਂਠਾ ਜ਼ਿਲ੍ਹੇ ਦੇ ਰਹਿਣ ਵਾਲੇ ਸਨ। ਪੁਲੀਸ ਵੱਲੋਂ ਹਾਦਸੇ ਦੀ ਜਾਂਚ ਕੀਤੀ ਜਾ ਰਹੀ ਏ । ਸੰਗਰੂਰ ਜ਼ਿਲ੍ਹੇ ਦੇ ਕਸਬੇ ਸੂਲਰ ਘਰਾਟ ਨੇੜੇ ਘਰਾਟ ਤੋਂ ਲਹਿਰਾ ਜਾਂਦੀ ਨਹਿਰ ਕੰਢੇ 'ਤੇ ਅੱਜ ਸਵੇਰੇ  ਇਕ ਕਾਰ ਦੇ ਦਰੱਖਤ ਨਾਲ ਟਕਰਾਉਣ ਮਗਰੋਂ ਕਾਰ ਵਿੱਚ ਧਮਾਕਾ ਹੋ ਗਿਆ । ਧਮਾਕੇ ਕਰਕੇ ਕਾਰ ਵਿਚ ਅੱਗ

ਲਗਣ ਨਾਲ ਮਾਂ ਤੇ ਧੀ ਦੀ ਝੁਲਸਣ ਨਾਲ ਮੌਤ ਹੋ ਗਈ । ਮ੍ਰਿਤਕ ਲੜਕੀ ਪੰਜਾਬ ਪੁਲਿਸ ਵਿੱਚ ਥਾਣਾ ਦਿੜ੍ਹਬਾ ਵਿਖੇ ਸੀਆਈਡੀ ਵਿੱਚ ਤਾਇਨਾਤ ਏ । ਪੁਲੀਸ ਵੱਲੋਂ ਹਾਦਸੇ ਵਾਲੀ ਥਾਂ ਤੇ ਪਹੁੰਚ ਕੇ ਇਸ ਘਟਨਾ ਦੀ ਜਾਂਚ ਕੀਤੀ ਜਾ ਰਹੀ ਏ । ਓਧਰ ਅੰਮ੍ਰਿਤਸਰ-ਪਠਾਨਕੋਟ ਸ਼ਾਹਰਾਹ ‘ਤੇ ਕੱਥੂਨੰਗਲ ਟੋਲ ਪਲਾਜ਼ਾ ਨੇੜੇ ਵਾਪਰੇ ਸੜਕ ਹਾਦਸੇ ਵਿਚ ਇਕ ਮੋਟਰਸਾਈਕਲ ਸਵਾਰ ਦੀ ਮੌਤ ਹੋ ਗਈ। ਸਾਡੇ ਪਤਰਕਾਰ ਨੇ ਦਸਿਆ ਕਿ ਮ੍ਰਿਤਕ ਦੀ ਪਛਾਣ ਅੰਮ੍ਰਿਤਸਰ ਦੇ ਅਮਨਪ੍ਰੀਤ ਸਿੰਘ ਵੱਜੋਂ ਹੋਈ ਏ । ਅਮਨਪ੍ਰੀਤ ਸਿੰਘ ਪਠਾਨਕੋਟ ਤੋਂ ਵਾਪਸ ਅੰਮ੍ਰਿਤਸਰ ਆ ਰਿਹਾ ਸੀ ਤਾ ਇਕ ਟੈਂਪੂ ਨਾਲ ਟੱਕਰ ਹੋਣ ਕਾਰਨ ਉਸਦੀ ਮੌਕੇ ‘ਤੇ ਹੀ ਮੌਤ ਹੋ ਗਈ । ਪੁਲਿਸ ਨੇ ਮੌਕੇ ‘ਤੇ ਪਹੁੰਚ ਕਿ ਟੈਂਪੂ ਡਰਾਈਵਰ ਨੂੰ ਹਿਰਾਸਤ ਵਿੱਚ ਲੈ ਕਿ ਜਾਂਚ ਸ਼ੁਰੂ ਕਰ ਦਿੱਤੀ ਏ । ਗੁਰਦਾਸਪੁਰ ਤੋਂ ਕਲਾਨੌਰ ਰੋਡ 'ਤੇ ਪਿੰਡ ਬਿਸ਼ਨ ਕੋਟ ਨੇੜੇ ਇੱਕ ਸਕੂਲ ਵੈਨ ਅਤੇ ਟਰੱਕ ਦਰਮਿਆਨ ਟੱਕਰ ਹੋ ਗਈ । ਸਾਡੇ ਪੱਤਰਕਾਰ ਮੁਤਾਬਕ ਸਕੂਲ ਵੈਨ ਵਿੱਚ 15 ਅਧਿਆਪਕ ਸਵਾਰ ਸਨ ਤੇ ਰਸਤੇ ਵਿਚ ਸਾਹਮਣਿਓਂ ਆ ਰਹੇ ਇੱਕ ਟਰੱਕ ਨਾਲ ਵੈਨ ਦੀ ਟੱਕਰ ਹੋ ਗਈ। ਸਕੂਲ ਵੈਨ ਵਿੱਚ

ਸਵਾਰ 9 ਸਰਕਾਰੀ ਅਧਿਆਪਕ ਜ਼ਖ਼ਮੀ ਹੋਏ ਨੇ, ਜਿਨਾਂ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਗੁਰਦਾਸਪੁਰ ਵਿਚ ਭੇਜਿਆ ਗਿਆ ਏ।

---------------------------------------------------------------------------------

ਪੰਜਾਬ ਪੁਲਿਸ ਨੇ ਅੱਜ ਪੁਲਿਸ ਮੁਖੀ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਅੱਜ ਸੂਬੇ ਭਰ ਵਿੱਚ ਤਲਾਸ਼ੀ ਕਾਸੋ ਆਪਰੇਸ਼ਨ ਚਲਾਇਆ ਗਿਆ । ਇਸੀ ਲੜੀ ਤਹਿਤ ਅੰਮ੍ਰਿਤਸਰ ਪੁਲਿਸ ਵੱਲੋਂ ਵੀ ਸ਼ਹਿਰ ਦੀਆਂ 11 ਵੱਖ-ਵੱਖ ਥਾਵਾਂ ‘ਤੇ ਟੀਮਾਂ ਤਾਇਨਾਤ ਕਰਕੇ ਕੀਤੀਆਂ ਗਈਆਂ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਚਲ ਰਹੀ ਮੁਹਿੰਮ ਤਹਿਤ ਪਿਛਲੇ ਇੱਕ ਸਾਲ ਦੌਰਾਨ ਲਗਭਗ 282 ਕਿਲੋ ਹੀਰੋਇਨ, 37 ਕਿਲੋ ਅਫੀਮ, 8 ਕਿਲੋ ਆਈਸ , 9 ਕਿਲੋ ਗਾਂਜਾ ਅਤੇ ਵੱਡੀ ਮਾਤਰਾ ‘ਚ ਸਿੰਥੈਟਿਕ ਡਰੱਗ ਬਰਾਮਦ ਕੀਤੀ ਗਈ ਏ । ਇਸ ਦੌਰਾਨ 2897 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਏ । ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਨਸ਼ਾ ਛੱਡਣਾ ਚਾਹੁਣ ਵਾਲੇਆਂ ਨੂੰ ਸਜ਼ਾ ਦੇਣ ਦੀ ਥਾਂ ਉਨ੍ਹਾਂ ਨੂੰ ਮੁੱਖ ਧਾਰਾ ਵਿੱਚ ਲਿਆਂਦਾ ਜਾ ਰਿਹਾ ਏ ।

ਹੁਣ ਤੱਕ 4235 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ 'ਚ ਦਾਖ਼ਲ ਕਰਵਾਇਆ ਗਿਆ ਏ , ਜਦਕਿ 3177 ਲੋਕਾਂ ਨੂੰ ਓਟ ਸੈਂਟਰਾਂ 'ਚ ਰਜਿਸਟਰ ਕਰਵਾਇਆ ਗਿਆ। ਉਧਰ ਮਾਨਸਾ ਵਿਚ ਜਿਲ੍ਹੇ ਦੇ ਵੱਖ-ਵੱਖ ਥਾਣਿਆਂ ਦੇ ਨਸ਼ਾ ਪ੍ਰਭਾਵਿਤ ਖੇਤਰਾਂ ਦੀ ਅਸਰਦਾਰ ਢੰਗ ਨਾਲ ਨਾਕਾ ਬੰਦੀ ਕਰਕੇ ਤਲਾਸ਼ੀ ਲਈ ਗਈ । ਸੀਨੀਅਰ ਕਪਤਾਨ ਪੁਲੀਸ ਭਾਗੀਰਥ ਸਿੰਘ ਮੀਨਾ ਨੇ ਦੱਸਿਆ ਕਿ ਇਸ ਅਪਰੇਸ਼ਨ ਦੌਰਾਨ ਜ਼ਿਲੇ ਦੇ ਅੰਦਰ 57 ਸ਼ੱਕੀ ਵਿਅਕਤੀਆ ਦੀ ਚੈਕਿੰਗ਼ ਕੀਤੀ ਗਈ। ।

-------------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸੂਬੇ ਦੇ ਨੌਜਵਾਨਾਂ ਨੂੰ ਸਿਹਤਮੰਦ ਭਵਿੱਖ ਦੇ ਨਿਰਮਾਤਾ ਦੱਸਦਿਆਂ ਤੰਬਾਕੂ ਖਿਲਾਫ ਇੱਕਜੁੱਟ ਹੋਣ ਅਤੇ ਇਸ ਵਿਰੁੱਧ ਮੁਹਿੰਮ ਵਿੱਢਣ ਦਾ ਸੱਦਾ ਦਿੱਤਾ ਏ । ਕੱਲ ਚੰਡੀਗੜ੍ਹ 'ਚ ਪੰਜਾਬ ਯੂਨੀਵਰਸਿਟੀ ਵਿਖੇ ਕਰਵਾਏ ਯੁਵਾ ਕਨਕਲੇਵ ਦੀ ਪ੍ਰਧਾਨਗੀ ਕਰਦਿਆਂ, ਸਿਹਤ ਮੰਤਰੀ ਨੇ ਵਿਦਿਆਰਥੀਆਂ ਅਤੇ ਨੌਜਵਾਨ ਆਗੂਆਂ ਨੂੰ ਰੋਲ ਮਾਡਲ ਬਣਨ ਅਤੇ ਕੈਂਪਸਾਂ ਤੋਂ ਲੈ ਕੇ ਭਾਈਚਾਰਿਆਂ ਅਤੇ ਡਿਜੀਟਲ ਪਲੇਟਫਾਰਮਾਂ ਤੱਕ

ਤੰਬਾਕੂ ਕੰਟਰੋਲ ਦੀ ਲਹਿਰ ਨੂੰ ਅੱਗੇ ਵਧਾਉਣ ਲਈ ਕਿਹਾ । ਡਾ. ਬਲਬੀਰ ਸਿੰਘ ਨੇ ਕਿਹਾ ਕਿ ਤੰਬਾਕੂ ਨਾ ਸਿਰਫ਼ ਮਨੁੱਖੀ ਸਰੀਰ ਨੂੰ ਪ੍ਰਭਾਵਿਤ ਕਰਦਾ ਏ , ਸਗੋਂ ਮਨੁੱਖੀ ਮਨ ਨੂੰ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਕਰਦਾ । ਇਸ ਲਈ ਸਾਨੂੰ ਸਾਰਿਆਂ ਨੂੰ ਇਸ ਲਾਹਨਤ ਨੂੰ ਜੜ੍ਹੋਂ ਖਤਮ ਕਰਨ ਅਤੇ ਆਪਣੇ ਸਮਾਜ ਨੂੰ ਬਚਾਉਣ ਲਈ ਅੱਗੇ ਆਉਣਾ ਚਾਹੀਦਾ ਏ । ਇਹ ਸੰਮੇਲਨ ਜਨਰੇਸ਼ਨ ਸੇਵੀਅਰ ਐਸੋਸੀਏਸ਼ਨ ਵੱਲੋਂ ਜਨਤਕ ਸਿਹਤ ਵਿਭਾਗ, ਪੰਜਾਬ ਯੂਨੀਵਰਸਿਟੀ, ਵਾਈਟਲ ਸਟ੍ਰੈਟਜੀਜ਼ ਤੇ ਹੋਰਨਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ । ਇਸ ਵਿੱਚ ਵਿਦਿਆਰਥੀਆਂ, ਮਾਹਿਰਾਂ ਅਤੇ ਸਿਵਲ ਸੋਸਾਇਟੀ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ ।

---------------------------------------------------------------

ਸਰਦੀ ਦੇ ਇਸ ਸਿਖਰਲੇ ਮੌਸਮ ਦੌਰਾਨ ਲੋੜਵੰਦ ਬੱਚਿਆਂ ਦੀ ਸਹਾਇਤਾ ਲਈ ਇੱਕ ਨੇਕ ਕਦਮ ਚੁੱਕਦਿਆਂ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਵੱਲੋਂ ਅੱਜ ਗਾਂਧੀ ਵਨੀਤਾ ਆਸ਼ਰਮ ਵਿੱਚ ਸਥਿਤ ਚਿਲਡਰਨ ਹੋਮ ਅਤੇ ਚਿਲਡਰਨ ਹੋਮ ਫਾਰ ਗਰਲਜ਼ ਵਿਖੇ ਵਸਤੂਆਂ

ਵੰਡਣ ਲਈ ਇਕ ਵਿਸ਼ੇਸ਼ ਮੁਹਿੰਮ ਚਲਾਈ ਗਈ । ਜ਼ਿਲ੍ਹਾ ਅਤੇ ਸੈਸ਼ਨ ਜੱਜ  ਨਿਰਭਉ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਇਸ ਮੁਹਿੰਮ ਦੀ ਅਗਵਾਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਰਾਹੁਲ ਕੁਮਾਰ ਵੱਲੋਂ ਕੀਤੀ ਗਈ। ਉਨ੍ਹਾਂ ਨੇ ਨਿੱਜੀ ਤੌਰ 'ਤੇ ਆਸ਼ਰਮ ਦਾ ਦੌਰਾ ਕਰਕੇ ਉੱਥੇ ਰਹਿ ਰਹੇ ਬੱਚਿਆਂ ਨਾਲ ਗੱਲਬਾਤ ਕੀਤੀ ਅਤੇ ਸਰਦੀਆਂ ਦੇ ਜ਼ਰੂਰੀ ਸਾਮਾਨ ਦੀ ਵੰਡ ਦੀ ਨਿਗਰਾਨੀ ਕੀਤੀ । ਸਾਮਾਨ ਦੀ ਵੰਡ ਕਰਨ ਤੋਂ ਇਲਾਵਾ ਰਾਹੁਲ ਕੁਮਾਰ ਨੇ ਬੱਚਿਆਂ ਨਾਲ ਮਿਲ ਕੇ ਉਨ੍ਹਾਂ ਦੀ ਭਲਾਈ ਬਾਰੇ ਚਰਚਾ ਕੀਤੀ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਮੌਲਿਕ ਅਧਿਕਾਰਾਂ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਦੀ ਉਪਲਬਧਤਾ ਬਾਰੇ ਜਾਗਰੂਕ ਕੀਤਾ।

---------------------------------------------------------

ਮੌਸਮ ਵਿਭਾਗ ਨੇ ਅਗਲੇ ਤਿੰਨ ਤੋਂ ਚਾਰ ਦਿਨਾਂ ਵਿੱਚ ਪੰਜਾਬ ਅਤੇ ਹਰਿਆਣਾ ਵਿੱਚ ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ । ਆਕਾਸ਼ਵਾਣੀ ਖਬਰਾਂ ਨਾਲ ਇੱਕ ਵਿਸ਼ੇਸ਼ ਇੰਟਰਵਿਊ ਵਿੱਚ, ਮੌਸਮ ਵਿਭਾਗ ਦੇ ਇੱਕ ਸੀਨੀਅਰ ਵਿਗਿਆਨੀ ਡਾ. ਆਰ. ਕੇ. ਜੇਨਾਮਣੀ ਨੇ

ਕਿਹਾ ਕਿ ਇਸ ਮਹੀਨੇ ਦੇ ਅਖੀਰ ਤੱਕ ਉੱਤਰ-ਪੱਛਮੀ ਭਾਰਤ ਵਿੱਚ ਮੀਂਹ ਪੈਣ ਦੀ ਸੰਭਾਵਨਾ ਏ। ਡਾ. ਜੇਨਾਮਣੀ ਨੇ ਕਿਹਾ ਕਿ ਸੀਤ ਲਹਿਰ ਦੀ ਸਥਿਤੀ ਵਿੱਚ ਸੁਧਾਰ ਹੋਇਆ ਏ ਅਤੇ ਘੱਟੋ-ਘੱਟ ਤਾਪਮਾਨ ਵਿੱਚ ਥੋੜ੍ਹਾ ਵਾਧਾ ਵੀ ਦਰਜ ਕੀਤਾ ਗਿਆ ਏ। ਵਿਭਾਗ ਨੇ ਕੱਲ੍ਹ ਤੱਕ ਪੰਜਾਬ, ਹਰਿਆਣਾ ਅਤੇ ਉੱਤਰ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ ਸਵੇਰੇ ਅਤੇ ਰਾਤ ਨੂੰ ਸੰਘਣੀ ਧੁੰਦ ਦੀ ਭਵਿੱਖਬਾਣੀ ਕੀਤੀ ਏ।

---------------------------------------------------------------------------------

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੱਛਮੀ ਬੰਗਾਲ ਅਤੇ ਉੱਤਰ-ਪੂਰਬੀ ਭਾਰਤ ਵਿੱਚ ਸੰਪਰਕ ਨੂੰ ਮਜ਼ਬੂਤ ਕਰਨ ਲਈ , 3 ਹਜ਼ਾਰ 250 ਕਰੋੜ ਤੋਂ ਵੱਧ ਦੇ ਕਈ ਰੇਲ ਅਤੇ ਬੁਨਿਆਦੀ ਸੜਕ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ।

• ਪੰਜਾਬ ਸਰਕਾਰ ਵੱਲੋਂ ਜਨਤਕ ਆਵਾਜਾਈ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੰਜ ਜ਼ਿਲ੍ਹਿਆਂ ਵਿੱਚ ਬੱਸ ਟਰਮੀਨਲਾਂ ਦੇ ਆਧੁਨਿਕੀਕਰਨ ਨੂੰ ਮਨਜ਼ੂਰੀ।

- ਸਵੱਛ ਭਾਰਤ ਮਿਸ਼ਨ ਗ੍ਰਾਮੀਣ ਤਹਿਤ ਰੋਪੜ ਜਿਲ੍ਹੇ ਦੇ ਪਿੰਡ ਬਹਾਦਰਪੁਰ ਵਿਖੇ ਪੰਜਾਬ ਦੇ ਪਹਿਲੇ ਸੀਵਰੇਜ ਟਰੀਟਮੈਂਟ ਪਲਾਂਟ ਦਾ ਨੀਂਹ ਪੱਥਰ ਰੱਖਿਆ ਗਿਆ।

- ਪਠਾਨਕੋਟ ਪੁਲਿਸ ਨਰੋਟ ਜਮਾਲ ਸਿੰਘ ਖੇਤਰ ਵਿੱਚ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ -ਤਿੰਨ ਰਾਈਫਲਾਂ, ਦੋ ਵਿਦੇਸ਼ੀ ਪਿਸਤੌਲ ਅਤੇ 78 ਕਾਰਤੂਸ ਬਰਾਮਦ ਕੀਤੇ।

ਪੰਜਾਬ ਵਿਚ ਅੱਜ ਵੱਖ-ਵੱਖ ਥਾਵਾਂ 'ਤੇ ਵਾਪਰੇ ਸੜਕ ਹਾਦਸਿਆਂ 'ਚ, 3 ਔਰਤਾਂ ਸਮੇਤ 8 ਵਿਅਕਤੀਆਂ ਦੀ ਮੌਤ ਅਤੇ 9 ਜ਼ਖਮੀ । ਅਤੇ

- ਮੌਸਮ ਵਿਭਾਗ ਨੇ ਅਗਲੇ ਤਿੰਨ ਤੋਂ ਚਾਰ ਦਿਨਾਂ ਵਿੱਚ ਪੰਜਾਬ ਅਤੇ ਹਰਿਆਣਾ ਵਿੱਚ ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ**

**ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**